ਆਸਾ ਮਹਲਾ ੫ ॥ ਕਾਮੁ ਕ੍ਰੋਧੁ ਲੋਭੁ ਮੋਹੁ ਮਿਟਾਵੈ ਛੁਟਕੈ ਦੁਰਮਤਿ ਅਪੁਨੀ ਧਾਰੀ ॥ ਹੋਇ ਨਿਮਾਣੀ ਸੇਵ ਕਮਾਵਹਿ ਤਾ ਪ੍ਰੀਤਮ ਹੋਵਹਿ ਮਨਿ ਪਿਆਰੀ ॥੧॥ ਸੁਣਿ ਸੁੰਦਰਿ ਸਾਧੂ ਬਚਨ ਉਧਾਰੀ ॥ ਦੂਖ ਭੂਖ ਮਿਟੈ ਤੇਰੋ ਸਹਸਾ ਸੁਖ ਪਾਵਹਿ ਤੂੰ ਸੁਖਮਨਿ ਨਾਰੀ ॥੧॥ ਰਹਾਉ ॥ ਚਰਣ ਪਖਾਰਿ ਕਰਉ ਗੁਰ ਸੇਵਾ ਆਤਮ ਸੁਧੁ ਬਿਖੁ ਤਿਆਸ ਨਿਵਾਰੀ ॥ ਦਾਸਨ ਕੀ ਹੋਇ ਦਾਸਿ ਦਾਸਰੀ ਤਾ ਪਾਵਹਿ ਸੋਭਾ ਹਰਿ ਦੁਆਰੀ ॥੨॥ ਇਹੀ ਅਚਾਰ ਇਹੀ ਬਿਉਹਾਰਾ ਆਗਿਆ ਮਾਨਿ ਭਗਤਿ ਹੋਇ ਤੁਮ੍ਹਾਰੀ ॥ ਜੋ ਇਹੁ ਮੰਤ੍ਰੁ ਕਮਾਵੈ ਨਾਨਕ ਸੋ ਭਉਜਲੁ ਪਾਰਿ ਉਤਾਰੀ ॥੩॥੨੮॥ {ਪੰਨਾ 377}

ਪਦਅਰਥ:- ਮਿਟਾਵੈ—ਮਿਟਾ ਦੇਂਦਾ ਹੈ। ਛੁਟਕੈ—ਮੁੱਕ ਜਾਂਦੀ ਹੈ। ਦੁਰਮਤਿ—ਭੈੜੀ ਮਤਿ। ਅਪੁਨੀ ਧਾਰੀ—ਆਪਣੀ ਹੀ ਪੈਦਾ ਕੀਤੀ ਹੋਈ। ਕਮਾਵਹਿ—ਜੇ ਤੂੰ ਕਰੇਂ। ਮਨਿ—ਮਨ ਵਿਚ।1।

ਸੁੰਦਰਿ—ਹੇ ਸੁੰਦਰੀ! ਹੇ ਸੋਹਣੀ ਜੀਵ-ਇਸਤ੍ਰੀ! ਸਾਧੂ ਬਚਨ—ਗੁਰੂ ਦੇ ਬਚਨ। ਉਧਾਰੀ—ਉਧਾਰਿ, (ਆਪਣੇ ਆਪ ਨੂੰ ਸੰਸਾਰ-ਸਮੁੰਦਰ ਵਿਚ ਡੁੱਬਣ ਤੋਂ) ਬਚਾ ਲੈ। ਸਹਸਾ—ਸਹਮ। ਸੁਖਮਨਿ—ਜਿਸ ਦੇ ਮਨ ਵਿਚ ਆਤਮਕ ਆਨੰਦ ਵੱਸ ਰਿਹਾ ਹੈ। ਨਾਰੀ—ਹੇ ਜੀਵ-ਇਸਤ੍ਰੀ!।1। ਰਹਾਉ।

ਪਖਾਰਿ—ਪਖਾਲਿ, ਧੋ ਕੇ। ਕਰਉ—ਤੂੰ ਕਰ। ਸੁਧੁ—ਪਵਿਤ੍ਰ। ਬਿਖੁ—ਜ਼ਹਰ (ਮਾਇਆ ਦੇ ਮੋਹ ਦਾ ਜ਼ਹਰ ਜੋ ਆਤਮਕ ਜੀਵਨ ਨੂੰ ਮਾਰ ਮੁਕਾਂਦਾ ਹੈ)। ਪਿਆਸ—ਤ੍ਰਿਸ਼ਨਾ, ਤ੍ਰੇਹ। ਨਿਵਾਰੀ—ਦੂਰ ਕਰਦੀ ਹੈ। ਦਾਸਿ—ਦਾਸੀ। ਦਾਸਰੀ—ਨਿਮਾਣੀ ਜਿਹੀ ਦਾਸੀ। ਦੁਆਰੀ—ਦੁਆਰਿ, ਦਰ ਤੇ।2।

ਅਚਾਰ—(ਮਿਥੀਆਂ ਹੋਈਆਂ ਧਾਰਮਿਕ ਰਸਮਾਂ ਦਾ) ਕਰਨਾ। ਬਿਉਹਾਰਾ—ਵਿਹਾਰ, ਨਿੱਤ ਦੀ ਰਹਿਣੀ। ਮਾਨਿ—ਮੰਨ। ਮੰਤ੍ਰੁ—ਉਪਦੇਸ਼। ਭਉਜਲੁ—ਸੰਸਾਰ-ਸਮੁੰਦਰ।3।

ਅਰਥ:- ਹੇ ਸੁੰਦਰੀ! ਹੇ ਆਪਣੇ ਮਨ ਵਿਚ ਆਤਮਕ ਆਨੰਦ ਟਿਕਾਈ ਰੱਖਣ ਦੀ ਚਾਹਵਾਨ ਜੀਵ-ਇਸਤ੍ਰੀ! ਗੁਰੂ ਦੇ ਬਚਨ ਸੁਣ ਕੇ (ਆਪਣੇ ਆਪ ਨੂੰ ਸੰਸਾਰ-ਸਮੁੰਦਰ ਵਿਚ ਡੁੱਬਣ ਤੋਂ) ਬਚਾ। (ਗੁਰੂ ਦੀ ਬਾਣੀ ਦੀ ਬਰਕਤਿ ਨਾਲ) ਤੇਰਾ ਦੁੱਖ ਮਿਟ ਜਾਇਗਾ ਤੇਰੀ ਮਾਇਆ ਦੀ ਭੁੱਖ ਮਿਟ ਜਾਇਗੀ ਤੂੰ ਆਤਮਕ ਅਨੰਦ ਮਾਣੇਂਗੀ।1। ਰਹਾਉ।

ਹੇ ਸੁੰਦਰੀ! ਜੇ ਤੂੰ ਮਾਣ ਤਿਆਗ ਕੇ ਪ੍ਰਭੂ ਦੀ ਸੇਵਾ-ਭਗਤੀ ਕਰੇਂਗੀ ਤਾਂ ਪ੍ਰੀਤਮ-ਪ੍ਰਭੂ ਦੇ ਮਨ ਵਿਚ ਪਿਆਰੀ ਲੱਗੇਂਗੀ, (ਗੁਰੂ ਦਾ ਉਪਦੇਸ਼ ਤੇਰੇ ਅੰਦਰੋਂ) ਕਾਮ ਕ੍ਰੋਧ ਲੋਭ ਮੋਹ ਨੂੰ ਮਿਟਾ ਦੇਵੇਗਾ, ਤੇਰੀ ਆਪਣੀ ਹੀ ਪੈਦਾ ਕੀਤੀ ਹੋਈ ਭੈੜੀ ਮਤਿ (ਤੇਰੇ ਅੰਦਰੋਂ) ਮੁੱਕ ਜਾਇਗੀ।1।

ਹੇ ਸੁੰਦਰੀ! ਗੁਰੂ ਦੇ ਚਰਨ ਧੋ ਕੇ ਗੁਰੂ ਦੀ (ਦੱਸੀ) ਸੇਵਾ ਕਰਿਆ ਕਰ, ਤੇਰਾ ਆਤਮਾ ਪਵਿਤ੍ਰ ਹੋ ਜਾਇਗਾ (ਇਹ ਸੇਵਾ ਤੇਰੇ ਅੰਦਰੋਂ ਆਤਮਕ ਜੀਵਨ ਨੂੰ ਮਾਰ ਮੁਕਾਣ ਵਾਲੇ ਮਾਇਆ-ਮੋਹ ਦੇ) ਜ਼ਹਰ ਨੂੰ ਦੂਰ ਕਰ ਦੇਵੇਗੀ, ਮਾਇਆ ਦੀ ਤ੍ਰਿਸ਼ਨਾ ਨੂੰ ਮਿਟਾ ਦੇਵੇਗੀ। (ਹੇ ਸੁੰਦਰੀ!) ਜੇ ਤੂੰ ਪਰਮਾਤਮਾ ਦੇ ਸੇਵਕਾਂ ਦੀ ਦਾਸੀ ਬਣ ਜਾਏਂ ਨਿਮਾਣੀ ਜਿਹੀ ਦਾਸੀ ਬਣ ਜਾਏਂ ਤਾਂ ਤੂੰ ਪਰਮਾਤਮਾ ਦੀ ਹਜ਼ੂਰੀ ਵਿਚ ਸੋਭਾ-ਆਦਰ ਹਾਸਲ ਕਰੇਂਗੀ।2।

(ਹੇ ਸੁੰਦਰੀ!) ਇਹੀ ਕੁਝ ਤੇਰੇ ਵਾਸਤੇ ਧਾਰਮਿਕ ਰਸਮਾਂ ਦਾ ਕਰਨਾ ਹੈ ਇਹੀ ਤੇਰਾ ਨਿੱਤ ਦਾ ਵਿਹਾਰ ਚਾਹੀਦਾ ਹੈ, ਪਰਮਾਤਮਾ ਦੀ ਰਜ਼ਾ ਨੂੰ ਸਿਰ-ਮੱਥੇ ਤੇ ਮੰਨ (ਇਸ ਤਰ੍ਹਾਂ ਕੀਤੀ ਹੋਈ) ਤੇਰੀ ਪ੍ਰਭੂ-ਭਗਤੀ (ਪ੍ਰਭੂ-ਦਰ ਤੇ ਪਰਵਾਨ) ਹੋ ਜਾਇਗੀ।

ਹੇ ਨਾਨਕ! ਜੇਹੜਾ ਭੀ ਮਨੁੱਖ ਇਸ ਉਪਦੇਸ਼ ਨੂੰ ਕਮਾਂਦਾ ਹੈ (ਆਪਣੇ ਜੀਵਨ ਵਿਚ ਵਰਤਦਾ ਹੈ) ਉਹ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦਾ ਹੈ।3। 28।